3-Jan-SNG+BNL-Pages.qxd 1/3/2022 10:57 PM Page 3

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ



ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 4 ਜਨਵਰੀ ਨੂੰ ਸ਼ਾਮ 4.30 ਤੋਂ 5.30 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ 5 ਜਨਵਰੀ ਨੂੰ ਸਵੇਰੇ 4:00 ਤੋਂ 6:00 ਵਜੇ ਤੱਕ **ਭਾਈ ਰਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ.ਟੀ.ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 4 ਜਨਵਰੀ ਨੂੰ ਸ਼ਾਮ 4:30 ਤੋਂ 6:30 ਵਜੇ ਤੱਕ **ਭਾਈ ਰਵਿੰਦਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਨਰਿੰਦਰ ਸਿੰਘ** ਅਤੇ 5 ਜਨਵਰੀ ਨੂੰ ਸਵੇਰੇ 4:00 ਵਜੇ ਤੋਂ 7:45 ਵਜੇ ਤੱਕ **ਭਾਈ ਰਵਿੰਦਰ ਸਿੰਘ** ਤੇ **ਭਾਈ ਗੁਰਪ੍ਰੀਤ ਸਿੰਘ** ਕੀਰਤਨ ਕਰਨਗੇ।

ਮੁੱਖ ਵਾਕ ਦੀ ਕਥਾ : 4 ਜਨਵਰੀ ਨੂੰ ਗਿਆਨੀ ਸਤਨਾਮ ਸਿੰਘ ਖਡੂਰ ਸਾਹਿਬ ਤੇ 5 ਜਨਵਰੀ ਨੂੰ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਗ੍ਰੰਥੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਸ੍ਰੀ ਮੰਜੀ ਸਾਹਿਬ ਦੀਵਾਨ ਹਾਲ (ਸ੍ਰੀ ਹਰਿਮੰਦਰ ਸਾਹਿਬ) ਵਿਖੇ 7:45 ਵਜੇ ਤੋਂ 8:30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸ਼ਾਹਪੁਰ ਕਲਾਂ ਵਿਖੇ ਗੁਰਦੁਆਰਾ ਨੌਵੀਂ ਪਾਤਸ਼ਾਹੀ ਤੋਂ ਸਜਾਏ ਅਲੌਕਿਕ ਨਗਰ ਕੀਰਤਨ ਦਾ ਦ੍ਰਿਸ਼। ਤਸਵੀਰ: ਜਸਵਿੰਦਰ ਸਿੰਘ ਸ਼ੇਰੋਂ

ਅਜੀਤ ਵੈਬ ਟੀ ਵੀ
ਅੱਜ ਦੇ ਵਿਸ਼ੇਸ਼ ਪ੍ਰੋਗਰਾਮ
ਲੋਕਾਂ ਦੀ ਕਚਹਿਰੀ-ਵਿਧਾਨ ਸਭਾ ਚੋਣਾਂ 2022
ਵੇਖੋ ਤਰਨ ਤਾਰਨ ਦੇ ਲੋਕਾਂ ਦਾ ਮੂਡ

ਵੇਖਣ ਲਈ ਕਲਿੱਕ ਕਰੋ : www.ajittv.com, youtube.com/ajitwebtv, facebook.com/dailyajit

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਿੰਡ ਸ਼ੇਰੋਂ ਵਿਖੇ ਸਜਾਏ ਨਗਰ ਕੀਰਤਨ ਦੀਆਂ ਪ੍ਰਮੁੱਖ ਝਲਕੀਆਂ। ਤਸਵੀਰ: ਵਿਨੋਦ

ਅਹਿਮਦਗੜ੍ਹ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵਲੋਂ ਸਜਾਏ ਮਹਾਨ ਨਗਰ ਕੀਰਤਨ ਦੀ ਰਵਾਨਗੀ ਦੌਰਾਨ ਪੰਜ ਪਿਆਰੇ ਅਤੇ ਪ੍ਰਬੰਧਕ। ਤਸਵੀਰ: ਮਹੋਲੀ

ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਸਜਾਇਆ

ਲੌਂਗੋਵਾਲ, 3 ਜਨਵਰੀ (ਵਿਨੋਦ, ਸ. ਸ. ਖੰਨਾ)- ਸਾਹਿਬ ਏ ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਪਿੰਡ ਸ਼ੇਰੋਂ ਵਿਖੇ ਗੁਰਦੁਆਰਾ ਸੰਤ ਅਤਰ ਸਿੰਘ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਗਏ ਇਸ ਨਗਰ ਕੀਰਤਨ ਵਿਚ ਇਲਾਕੇ ਭਰ ਦੀ ਸਾਧ ਸੰਗਤ ਨੇ ਹਿੱਸਾ ਲਿਆ। ਇਸ ਨਗਰ ਕੀਰਤਨ ਦਾ ਵੱਖ-ਵੱਖ ਪੜਾਵਾਂ ਦੌਰਾਨ ਨਿੱਘਾ ਸਵਾਗਤ ਕੀਤਾ ਗਿਆ ਅਤੇ ਲੰਗਰ ਲਾਏ ਗਏ। ਇਸ ਨਗਰ ਕੀਰਤਨ ਦੀ ਵਿਲੱਖਣਤਾ ਹੈ ਕਿ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਪੁਰਾਤਨ ਰਵਾਇਤ ਅਨੁਸਾਰ ਸੁੰਦਰ ਪਾਲਕੀ ਵਿਚ ਸਜਾ ਕੇ ਪੈਦਲ ਹੀ ਸਮੁੱਚੇ ਨਗਰ ਦੀ ਪਰਿਕਰਮਾ ਕੀਤੀ ਜਾਂਦੀ ਹੈ। ਇਸ ਨਗਰ ਕੀਰਤਨ ਦੌਰਾਨ ਪੰਥ ਪ੍ਰਸਿੱਧ ਢਾਡੀ ਅਤੇ ਕਵੀਸ਼ਰੀ ਜਥਿਆਂ ਨੇ ਗੁਰੂ ਇਤਿਹਾਸ ਸਰਵਣ ਕਰਵਾਇਆ, ਪਿੰਡ ਸ਼ੇਰੋਂ ਦੇ ਨੌਜਵਾਨਾਂ ਵਲੋਂ ਗਤਕੇ ਦੇ ਜੌਹਰ ਵਿਖਾਏ ਗਏ ਅਤੇ ਪਿੰਡ ਵਾਸੀਆਂ ਵੱਲੋਂ ਨਗਰ ਕੀਰਤਨ ਦੇ ਸਵਾਗਤ ਵਿਚ ਥਾਂ-ਥਾਂ 'ਤੇ ਸਜਾਵਟਾਂ ਕੀਤੀਆਂ । ਇਸ ਮੌਕੇ ਗੁਰਦੁਆਰਾ ਕਮੇਟੀ ਦੇ ਪ੍ਰਧਾਨ ਜਥੇ. ਸੁਖਚੈਨ ਸਿੰਘ, ਮੀਤ ਪ੍ਰਧਾਨ ਗੁਰਮੇਲ ਸਿੰਘ, ਸਕੱਤਰ ਮੱਖਣ ਸਿੰਘ, ਖ਼ਜ਼ਾਨਚੀ ਮਲਕੀਤ ਸਿੰਘ, ਮੈਂਬਰਾਨ ਅਮਰਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਜਗਤਾਰ ਸਿੰਘ, ਜਰਨੈਲ ਸਿੰਘ, ਅੰਮ੍ਰਿਤਪਾਲ ਸਿੰਘ, ਸਤਿਨਾਮ ਸਿੰਘ, ਗ੍ਰੰਥੀ ਰੇਸ਼ਮ ਸਿੰਘ, ਸਹਿ. ਗ੍ਰੰਥੀ ਜੋਤੀ ਸਿੰਘ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਅਹਿਮਦਗੜ੍ਹ, 3 ਜਨਵਰੀ (ਰਣਧੀਰ ਸਿੰਘ ਮਹੋਲੀ)- ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਵ ਨੂੰ ਸਮਰਪਿਤ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵਲੋਂ ਮਹਾਨ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸਿੰਘ ਸਭਾ ਤੋਂ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਰਵਾਨਾ ਹੋਏ ਨਗਰ ਕੀਰਨ ਦੌਰਾਨ ਬੈਂਡ ਪਾਰਟੀਆਂ, ਸਕੂਲੀ ਬੱਚਿਆਂ, ਕੀਰਤਨੀ ਜੱਥੇ ਅਤੇ ਵੱਡੀ ਗਿਣਤੀ ਵਿਚ ਸੰਗਤ ਨੇ ਭਾਗ ਲਿਆ। ਨਗਰ ਕੀਰਤਨ ਵਿਚ ਸਾਬਕਾ ਵਿਧਾਇਕ ਇਕਬਾਲ ਸਿੰਘ ਝੂੰਦਾਂ, ਨਗਰ ਕੌਂਸਲ ਪ੍ਰਧਾਨ ਵਿਕਾਸ ਟੰਡਨ, ਕੌਂਸਲਰ ਜਗਵੰਤ ਸਿੰਘ ਜੱਗੀ, ਸਾਬਕਾ ਕੌਂਸਲਰ ਦੀਪਕ ਸ਼ਰਮਾਂ, ਗੁਰਮੀਤ ਸਿੰਘ ਉੱਭੀ, ਅਵਤਾਰ ਸਿੰਘ ਜੱਸਲ ਆਦਿ ਵੱਖ-ਵੱਖ ਆਗੂਆਂ ਨੇ ਹਾਜ਼ਰੀ ਲਗਵਾਈ। ਇਸ ਮੌਕੇ ਤੇ ਭਜਨ ਸਿੰਘ ਬਰਾੜ, ਕੁਲਵੰਤ ਸਿੰਘ ਸੋਹਲ, ਕੁਲਦੀਪ ਸਿੰਘ ਖਾਲਸਾ, ਤਿਰਲੋਚਨ ਸਿੰਘ ਚਾਪੜਾ, ਨਿਰਮਲ ਸਿੰਘ ਪੰਧੇਰ, ਬਲਜੀਤ ਸਿੰਘ, ਝਿਲਮਲ ਸਿੰਘ ਬੋਪਾਰਾਏ, ਕ੍ਰਿਸ਼ਨ ਸਿੰਘ ਰਾਜੜ, ਸਟੇਟ ਐਵਾਰਡੀ ਭੁਪਿੰਦਰ ਕੌਰ ਪੰਧੇਰ, ਪ੍ਰਿੰਸੀਪਲ ਕੋਮਲਪ੍ਰੀਤ ਕੌਰ ਮਾਵੀ, ਪ੍ਰਿੰਸੀਪਲ ਜਸਵਿੰਦਰ ਸਿੰਘ, ਕਮਲਜੀਤ ਸਿੰਘ ਉੱਭੀ, ਬਘੇਲ ਸਿੰਘ ਉੱਭੀ, ਡਾ. ਜੋਰਾ ਸਿੰਘ, ਜਗਦੇਵ ਸਿੰਘ ਘਲੋਟੀ, ਬੇਅੰਤ ਸਿੰਘ ਸਰਾਂਓ, ਸ਼ਿੰਦਰਪਾਲ ਸਿੰਘ ਪੰਧੇਰ, ਹਰਜੀਤ ਸਿੰਘ ਖੇੜਾ, ਗੁਰਜੀਤ ਸਿੰਘ ਆਦਿ ਸ਼ਾਮਲ ਹੋਏ।

ਅਹਿਮਦਗੜ੍ਹ, (ਸੁਖਸਾਗਰ ਸਿੰਘ ਸੋਢੀ)- ਸਥਾਨਕ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਵੱਲੋਂ ਸ਼ਹਿਰ ਦੀਆਂ ਵੱਖ-ਵੱਖ ਧਾਰਮਿਕ ਜਥੇਬੰਦੀਆਂ ਦੇ ਸਹਿਯੋਗ ਨਾਲ ਦਸਮ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਨਗਰ ਕੀਰਤਨ ਸਜਾਇਆਂ ਗਿਆ। ਗੁਰੂ ਗ੍ਰੰਥ ਸਾਹਿਬ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਾਏ ਨਗਰ ਕੀਰਤਨ ਦੌਰਾਨ ਸਕੂਲੀ ਬੱਚਿਆਂ, ਗਤਕਾ ਪਾਰਟੀਆਂ, ਫ਼ੌਜੀ ਬੈਂਡ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਵਲੋਂ ਸ਼ਿਰਕਤ ਕੀਤੀ ਗਈ। ਸ਼ਹਿਰ ਵਾਸੀਆਂ ਵਲੋਂ ਨਗਰ ਕੀਰਤਨ ਦੇ ਰਸਤੇ ਵਿਚ ਸਜਾਵਟੀ ਗੇਟਾਂ ਅਤੇ ਚਾਹ ਦੇ ਲੰਗਰਾਂ ਦੀ ਸੇਵਾ ਕੀਤੀ ਗਈ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਕਾਰਜਕਾਰੀ ਪ੍ਰਧਾਨ ਭਜਨ ਸਿੰਘ ਬਰਾੜ, ਸਾਬਕਾ ਪ੍ਰਦਾਨ ਕੁਲਦੀਪ ਸਿੰਘ ਖ਼ਾਲਸਾ, ਮੁੱਖ ਸਲਾਹਕਾਰ ਕਮਲਜੀਤ ਸਿੰਘ ਉੱਭੀ, ਕੁਲਵੰਤ ਸਿੰਘ ਸੋਹਲ, ਕ੍ਰਿਸਨ ਸਿੰਘ ਰਾਜੜ, ਤਿਰਲੋਚਣ ਸਿੰਘ ਚਾਪੜਾਂ, ਬੇਅੰਤ ਸਿੰਘ ਸਰਾਓ, ਕੁਲਵੰਤ ਸਿੰਘ ਸੋਨੂੰ, ਬਲਜੀਤ ਸਿੰਘ, ਨਿਰਮਲ ਸਿੰਘ ਪੰਧੇਰ ਸ਼ਿੰਦਰਪਾਲ ਸਿੰਘ ਪੰਧੇਰ ਤੋਂ ਇਲਾਵਾ ਜਗਵੰਤ ਸਿੰਘ ਜੱਗੀ, ਅਵਤਾਰ ਸਿੰਘ ਜੱਸਲ, ਟਹਿਲ ਸਿੰਘ ਦੁੱਲਮਾ ਅਤੇ ਬਲਵੀਰ ਸਿੰਘ ਧਲੇਰ ਦੀ ਅਗਵਾਈ ਵਿਚ ਸੰਗਤਾਂ ਵਲੋਂ ਨਗਰ ਕੀਰਤਨ ਦਾ ਭਰਵਾ ਸੁਆਗਤ ਕੀਤਾ ਗਿਆ।

ਚੀਮਾ ਮੰਡੀ, (ਜਸਵਿੰਦਰ ਸਿੰਘ ਸ਼ੇਰੋਂ)— ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਦੁਆਰਾ ਨੌਵੀਂ ਪਾਤਸ਼ਾਹੀ ਸ਼ਾਹਪੁਰ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਅਲੌਕਿਕ ਨਗਰ ਕੀਰਤਨ ਸਜਾਇਆ ਗਿਆ। ਨਗਰ ਕੀਰਤਨ ਪੰਜ ਪਿਆਰਿਆਂ ਦੀ ਅਗਵਾਈ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਨਗਰ ਦੀਆਂ ਵੱਖ—ਵੱਖ ਗਲੀਆਂ ਵਿਚੋਂ ਦੀ ਗੁਜ਼ਰਦਾ ਹੋਇਆ ਵਾਪਸ ਗੁਰੂਘਰ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਵੱਖ—ਵੱਖ ਪੱਤੀਆਂ ਦੀਆਂ ਸੰਗਤਾਂ ਵਲੋਂ ਨਿੱਘਾ ਸੁਆਗਤ ਕੀਤਾ ਕੀਤਾ ਅਤੇ ਲੰਗਰ ਲਗਾਏ ਗਏ। ਇਸ ਮੌਕੇ ਜਥੇਦਾਰ ਜਰਨੈਲ ਸਿੰਘ ਪ੍ਰਧਾਨ ਗ: ਪ੍ਰਬੰਧਕ ਕਮੇਟੀ, ਲਖਵੀਰ ਸਿੰਘ, ਦਰਸ਼ਨ ਸਿੰਘ, ਬਿੱਕਰ ਸਿੰਘ, ਜਰਨੈਲ ਸਿੰਘ, ਗੁਰਤੇਜ ਸਿੰਘ, ਵਿਸਾਖਾ ਸਿੰਘ, ਪ੍ਰਕਾਸ਼ ਸਿੰਘ, ਬੇਅੰਤ ਸਿੰਘ, ਗੁਰਚਰਨ ਸਿੰਘ, ਬਲਰਾਜ ਸਿੰਘ, ਕਰਮ ਸਿੰਘ ਅਤੇ ਸ਼ਿੰਗਾਰਾ ਸਿੰਘ ਆਦਿ ਹਾਜ਼ਰ ਸਨ।

ਹਰਜੀਤ ਸਿੰਘ ਘੁਮਾਣ ਨੂੰ ਨਿਯੁਕਤੀ ਪੱਤਰ ਦਿੰਦੇ ਜਥੇਦਾਰ ਹਰਦੇਵ ਸਿੰਘ ਰੋਗਲਾਂ, ਸੁਖਜਿੰਦਰ ਸਿੰਘ ਸਿੰਦਰਾ ਰਣਧੀਰ ਸਿੰਘ ਸਮੁੰਰਾਂ। ਤਸਵੀਰ: ਪਰਵਿੰਦਰ ਸੋਨੂੰ

ਹਰਜੀਤ ਸਿੰਘ ਘੁਮਾਣ ਜ਼ਿਲ੍ਹਾ ਪ੍ਰਧਾਨ ਨਿਯੁਕਤ

ਦਿੜ੍ਹਬਾ ਮੰਡੀ, 3 ਜਨਵਰੀ (ਪਰਵਿੰਦਰ ਸੋਨੂੰ) - ਸ਼੍ਰੋਮਣੀ ਅਕਾਲੀ ਦਲ (ਸ) ਨੇ ਅੱਜ ਪਾਰਟੀ ਦੇ ਵਫ਼ਾਦਾਰ ਸਿਪਾਹੀ ਅਤੇ ਅਗਾਂਹ ਵਧੂ ਕਿਸਾਨ ਹਰਜੀਤ ਸਿੰਘ ਘੁਮਾਣ ਨੂੰ ਜ਼ਿਲ੍ਹਾ ਸੰਗਰੂਰ ਕਿਸਾਨ ਵਿੰਗ ਦਾ ਪ੍ਰਧਾਨ ਨਿਯੁਕਤ ਕੀਤਾ ਹੈ। ਇਹ ਨਿਯੁਕਤੀ ਪੱਤਰ ਹਲਕਾ ਦਿੜ੍ਹਬਾ ਦੀ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿਚ ਦਿੱਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੀਨੀਅਰ ਆਗੂ ਰਣਧੀਰ ਸਿੰਘ ਸਮੁੰਰਾ ਨੇ ਦੱਸਿਆ ਕਿ ਅੱਜ ਪਾਰਟੀ ਪ੍ਰਧਾਨ ਸੁਖਦੇਵ ਸਿੰਘ ਢੀਂਡਸਾ, ਪਰਮਿੰਦਰ ਸਿੰਘ ਢੀਂਡਸਾ ਸਾਬਕਾ ਮੰਤਰੀ ਪੰਜਾਬ, ਜ਼ਿਲ੍ਹਾ ਜਥੇਦਾਰ ਗੁਰਬਚਨ ਸਿੰਘ ਬਚੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਹਲਕਾ ਇੰਚਾਰਜ ਸੋਮਾ ਸਿੰਘ ਘਰਾਚੋਂ ਅੰਤਰਰਾਸ਼ਟਰੀ ਕਬੱਡੀ ਖਿਡਾਰੀ, ਜਥੇਦਾਰ ਹਰਦੇਵ ਸਿੰਘ ਰੋਗਲਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਜਥੇਦਾਰ ਸੁਖਜਿੰਦਰ ਸਿੰਘ ਸਿੰਧੜਾ, ਗੁਰਜੀਤ ਸਿੰਘ ਜੀਤੀ ਜਨਾਲ, ਵਿੱਕੀ ਛਾਜਲੀ, ਕੇਵਲ ਸਿੰਘ ਜਵੰਦਾ, ਜੋਰਾ ਸਿੰਘ ਜਨਾਲ ਦੀ ਹਾਜ਼ਰ ਵਿਚ ਹਰਜੀਤ ਸਿੰਘ ਘੁਮਾਣ ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ। ਇਸ ਮੌਕੇ ਹਰਜੀਤ ਸਿੰਘ ਘੁਮਾਣ ਨੇ ਦੱਸਿਆ ਕਿ ਉਹ ਪਿਛਲੇ ਕਈ ਸਾਲਾਂ ਤੋਂ ਪਾਰਟੀ ਲਈ ਕੰਮ ਕਰ ਰਹੇ ਹਨ। ਅੱਜ ਪੰਜਾਬ ਨੂੰ ਅਕਾਲੀ ਦਲ ਬਾਦਲ, ਕਾਂਗਰਸ, ਆਪ ਤੋਂ ਮੁਕਤੀ ਦਿਵਾਉਣ ਲਈ ਲੋਕ ਢੀਂਡਸਾ ਜੀ ਦੀ ਅਗਵਾਈ ਵਿਚ ਆਪਣੇ ਨੁਮਾਇੰਦੇ ਚੁਣਨਗੇ। ਉਨ੍ਹਾਂ ਦੱਸਿਆ ਕਿ ਸੋਮਾ ਘਰਾਚੋਂ ਹੀ ਅਸਲ ਕਬੱਡੀ ਨਾਇਕ ਹੈ ਜਿਸ ਨੇ ਬਿੰਨਾ ਕਿਸੇ ਲਾਲਚ ਤੋਂ ਲੋਕਾਂ ਲਈ ਕਬੱਡੀ ਖੇਡੀ ਹੈ। ਅੱਜ ਜਦੋਂ ਸੋਮਾ ਘਰਾਚੋਂ ਦੀ ਹਲਕੇ ਵਿੱਚ ਪੂਰੀ ਚਰਚਾ ਚੱਲ ਰਹੀ ਹੈ ਤਾਂ ਵਿਰੋਧੀ ਘਬਰਾਏ ਹੋਏ ਹਨ। ਸੋਮਾ ਘਰਾਚੋਂ ਨੂੰ ਹਲਕੇ ਦੇ ਲੋਕ ਭਾਰੀ ਬਹੁਮੱਤ ਨਾਲ ਜਿਤਾਉਣਗੇ। ਇਸ ਮੌਕੇ ਸੋਮਾ ਘਰਾਚੋਂ ਨੇ ਦੱਸਿਆ ਕਿ ਸ. ਢੀਂਡਸਾ ਸਾਫ਼ ਸੁਥਰੀ ਛਵੀ ਵਾਲੇ ਲੋਕਾਂ ਨੂੰ ਅੱਗੇ ਲੈ ਕੇ ਆ ਰਹੇ ਹਨ। ਪਾਰਟੀ ਪੰਥਕ ਅਤੇ ਪੰਜਾਬ ਦੇ ਮੂਲ ਮੁੱਦਿਆਂ ਨੂੰ ਲੈ ਕੇ ਕੰਮ ਕਰ ਰਹੀ ਹੈ। ਦਿੜ੍ਹਬਾ ਹਲਕੇ ਵਿੱਚ ਪਾਰਟੀ ਦੀ ਸਥਿਤੀ ਮਜ਼ਬੂਤ ਹੈ। ਅਸੀਂ ਆਸਵੰਦ ਹਾਂ ਕਿ ਲੋਕ ਸਾਨੂੰ ਨਿਮਾਣਿਆਂ ਨੂੰ ਭਰਪੂਰ ਪਿਆਰ ਦੇਣਗੇ।

ਆਫ਼ੀਸਰ ਕਲੋਨੀ ਵਿਚ ਕਰਵਾਏ ਜਾਦੂ ਸ਼ੋਅ ਦਾ ਦ੍ਰਿਸ਼। ਤਸਵੀਰ: ਦਰਸ਼ਨ ਵਧਵਾ

ਨਵੇਂ ਸਾਲ ਮੌਕੇ ਕਰਵਾਇਆ ਜਾਦੂ ਸ਼ੋਅ

ਸੰਗਰੂਰ, 3 ਜਨਵਰੀ (ਧੀਰਜ ਪਸ਼ੋਰੀਆ)- ਸਥਾਨਕ ਅਫ਼ਸਰ ਕਲੋਨੀ ਪਾਰਕ ਵਿਖੇ ਪਾਰਕ ਦੀ ਵਰ੍ਹੇਗੰਢ ਅਤੇ ਨਵੇਂ ਸਾਲ ਦੀ ਖ਼ੁਸ਼ੀ ਵਿਚ ਪਰਿਵਾਰਕ ਮਿਲਣੀ ਕੀਤੀ ਗਈ ਅਤੇ ਮਸ਼ਹੂਰ ਜਾਦੂਗਰ ਜਗਦੇਵ ਸਿੰਘ ਕੰਮੋਆਜਰਾ ਨੇ ਜਾਦੂ ਸ਼ੋਅ ਪੇਸ਼ ਕੀਤਾ। ਇਸ ਨੂੰ ਸਫਲਤਾ ਪੂਰਨ ਸੰਪੰਨ ਕਰਨ ਵਿਚ ਮਾਸਟਰ ਪਰਮ ਵੇਦ, ਰਜੇਸ਼ ਕੁਮਾਰ, ਗੁਰਤੇਜ ਚਹਿਲ, ਬਿੱਟੂ ਝੱਜ, ਹਰਬੰਸ ਲਾਲ ਜਿੰਦਲ, ਜਸਪਾਲ ਸਿੰਘ, ਕ੍ਰਿਸ਼ਨ ਸਿੰਘ, ਲੈਕਚਰਾਰ ਗੁਲਜ਼ਾਰ ਸਿੰਘ, ਅੰਮ੍ਰਿਤਪਾਲ ਕੌਰ ਚਹਿਲ, ਸੁਨੀਤਾ ਰਾਣੀ, ਅਮਨਦੀਪ ਕੌਰ, ਕੁਲਵਿੰਦਰ ਕੌਰ, ਪੂਨਮ ਬੇਬੀ, ਪਿੰਕੀ, ਬਲਜਿੰਦਰ ਕੌਰ ਦਾ ਵਿਸ਼ੇਸ਼ ਯੋਗਦਾਨ ਰਿਹਾ। ਇਸ ਮੌਕੇ ਸਰਪੰਚ ਸੁਰਿੰਦਰ ਸਿੰਘ ਭਿੰਡਰ, ਪੰਚ ਜਸਵੀਰ ਸਿੰਘ ਮਾਨ, ਐਡਵੋਕੇਟ ਕੁਲਦੀਪ ਜੈਨ, ਡਾਕਟਰ ਪ੍ਰੇਮ ਚੰਦ ਸਿੰਗਲਾ, ਜਗਜੀਤ ਸਿੰਘ, ਬਲਵਿੰਦਰ ਸਿੰਘ ਠੇਕੇਦਾਰ, ਲੈਕਚਰਾਰ ਬਲਜੀਤ ਕੌਰ ਨੇ ਪਾਰਕ ਲਈ ਆਰਥਿਕ ਸਹਾਇਤਾ ਦਿੱਤੀ। ਇਸ ਮੌਕੇ ਗੁਰਮੇਲ ਸਿੰਘ ਸਿੱਧੂ, ਭੁਪਿੰਦਰ ਜੈਨ, ਲੈਕਚਰਾਰ ਜਸਵਿੰਦਰ ਸਿੰਘ, ਜਸਵੀਰ ਸਿੰਘ, ਰੂਪ ਸਿੰਘ, ਵੀ.ਕੇ. ਗੁਪਤਾ, ਗੁਰਜੀਤ ਸਿੰਘ ਜੀਤੀ, ਮਹਿੰਦਰ ਨਰਿੰਦਰ, ਹਰੀ ਸਿੰਘ ਸੋਹੀ, ਖੇਮਚੰਦ, ਪ੍ਰੇਮ ਚੰਦ ਖੁਰਾਣਾ, ਡਾਕਟਰ ਓਮਪ੍ਰਕਾਸ਼ ਖੰਗਵਾਲ, ਗੁਰਜੀਤ ਸਿੰਘ ਜੀਤੀ, ਇੰਦਰਪਾਲ ਡੀ.ਪੀ.ਈ., ਮਨਜੀਤ ਸ਼ਰਮਾ ਸੁਪਰਡੈਂਟ, ਮਹਾਂਵੀਰ ਪ੍ਰਸ਼ਾਦ ਮੌਜੂਦ ਸਨ। ਸਰਪੰਚ ਸੁਰਿੰਦਰ ਭਿੰਡਰ ਨੇ ਮਿਲਣੀ ਵਿਚ ਸ਼ਾਮਲ ਸਾਰਿਆਂ ਦਾ ਧੰਨਵਾਦ ਕਰਦਿਆਂ ਪਾਰਕ ਦੇ ਵਿਕਾਸ ਵਿਚ ਹਰ ਤਰ੍ਹਾਂ ਦਾ ਸਹਿਯੋਗ ਕਰਨ ਦਾ ਵਿਸ਼ਵਾਸ ਦਿਵਾਇਆ।

ਸਟੂਡੈਂਟ ਅਤੇ ਵਿਜ਼ਟਰ ਵੀਜ਼ੇ ਦੇਣ ਵਿਚ ਅਸਟ੍ਰੇਲੀਆ ਦੀ ਰਫਤਾਰ ਬੇਹੱਦ ਤੇਜ਼- ਸੁ